Vigilance Bureau Punjab

Patwari, a private person nabbed red handed by vigilance

Chandigarh, May 16: State Vigilance Bureau today nabbed a revenue Patwari alongwith a private person red handed for accepting bribe.

Disclosing this here today a spokesman of Vigilance Bureau Punjab said Ranjeet Singh, Patwari, posted at revenue halqa Jandawala in Bathinda district and a private person Kuldeep Singh were caught red handed on the complaint of Gurpinder Singh of village Jeeda.

Giving details he said the complainant approached the VB and alleged that the above named accused were demanding bribe of Rs. 9,000 for mutation of the land.

After verifying his complaint the VB team laid a trap and both the accused were caught red handed taking bribe money of Rs. 9000 in the presence of two official witnesses. He informed that a case under Prevention of Corruption Act has been registered against both the accused at VB police Bathinda and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਪਟਵਾਰੀ ਤੇ ਪ੍ਰਾਇਵੇਟ ਵਿਅਕਤੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ 16 ਮਈ: ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਮਾਲ ਹਲਕਾ ਜੰਡਾਵਾਲਾ ਜਿਲਾ ਬਠਿੰਡਾ ਵਿਖੇ ਤਾਇਨਾਤ ਇਕ ਪਟਵਾਰੀ ਅਤੇ ਉਸ ਵਲੋਂ ਆਪਣੇ ਨਾਲ ਰੱਖੇ ਇਕ ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਰਣਜੀਤ ਸਿੰਘ, ਮਾਲ ਹਲਕਾ ਜੰਡਾਵਾਲਾ ਅਤੇ ਪ੍ਰਾਈਵੇਟ ਵਿਅਕਤੀ ਕੁਲਦੀਪ ਸਿੰਘ ਨੂੰ ਸ਼ਿਕਾਇਤਕਰਤਾ ਗੁਰਪਿੰਦਰ ਸਿੰਘ, ਵਾਸੀ ਪਿੰਡ ਜੀਦਾ, ਬਠਿੰਡਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦਸਿਆ ਕਿ ਉਕਤ ਪਟਵਾਰੀ ਅਤੇ ਪ੍ਰਾਈਵੇਟ ਵਿਅਕਤੀ ਵੱਲੋਂ ਉਸ ਦੇ ਤਾਏ ਦੀ ਵਿਰਾਸਤੀ ਜਮੀਨ ਦਾ ਇੰਤਕਾਲ ਦਰਜ ਕਰਨ ਬਦਲੇ 9,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਪਟਵਾਰੀ ਅਤੇ ਪ੍ਰਾਈਵੇਟ ਵਿਅਕਤੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 9000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

---------------------